ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ-ਕਮ-ਐਸ.ਪੀ.ਡੀ
ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਅਥਾਰਟੀ, ਪੰਜਾਬ, ਐਸ.ਏ.ਐਸ ਨਗਰ
ਪੰਜਵੀ ਮੰਜਿਲ, ਈ ਬਲਾਕ, ਸਿੱਖਿਆ ਭਵਨ, ਫੇਜ਼-8 ਐਸ.ਏ.ਐਸ ਨਗਰ(ਮੁਹਾਲੀ)
ਫੋਨ ਨੰ:0172-5212322

ਵੱਲ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ/ਐ.ਸਿ)
2. ਸਮੂਹ ਸਕੂਲ ਮੁੱਖੀ (ਵੈਬਸਾਈਟ ਰਾਹੀਂ)

ਮੀਮੋ ਨੰ. Plan/RMSA/2017 ਮਿਤੀ:

**ਵਿਸ਼ਾ: ਮਿਤੀ 27 ਨਵੰਬਰ 2017 ਨੂੰ ਤੀਜਾ "ਸੰਵਿਧਾਨ ਦਿਵਸ" ਮਨਾਉਣ ਸਬੰਧੀ।**

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਨੂੰ ਪਤਾ ਹੀ ਹੈ ਕਿ 26 ਨੰਵਬਰ 1949 ਨੂੰ ਭਾਰਤ ਦਾ ਸੰਵਿਧਾਨ ਬਣ ਕੇ ਤਿਆਰ ਹੋਇਆ ਸੀ। ਭਾਰਤ ਸਰਕਾਰ ਵੱਲੋਂ ਮਿਤੀ 19 ਨਵੰਬਰ, 2015 ਨੂੰ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਕਿ 26-11-2017 ਨੂੰ ਹਰ ਸਾਲ ਪੂਰੇ ਦੇਸ਼ ਵਿੱਚ ਸੰਵਿਧਾਨ ਦਿਵਸ ਮਨਾਇਆ ਜਾਵੇਗਾ।

3.0 ਭਾਰਤ ਸਰਕਾਰ ਤੋਂ ਪ੍ਰਾਪਤ ਪੱਤਰ ਅਨੁਸਾਰ 26-11-2017 ਨੂੰ ਸਮੂਹ ਸਰਕਾਰੀ ਦਫ਼ਤਰਾਂ ਅਤੇ ਸਿੱਖਿਆ ਸੰਸਥਾਵਾਂ ਵਿੱਚ ਤੀਜਾ ਸੰਵਿਧਾਨ ਦਿਵਸ ਮਨਾਇਆ ਜਾਣਾ ਹੈ। ਜਿਵੇਂ ਕਿ ਮਿਤੀ 26-11-2017 ਨੂੰ ਐਤਵਾਰ ਹੋਣ ਕਰਕੇ ਸਮੂਹ ਸਕੂਲਾਂ ਅਤੇ ਦਫ਼ਤਰਾਂ ਵਿੱਚ ਛੁੱਟੀ ਹੈ ਇਸ ਲਈ ਆਪ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ 27-11-2017 ਦਿਨ ਸੋਮਵਾਰ ਨੂੰ ਤੀਜਾ "ਸੰਵਿਧਾਨ ਦਿਵਸ" ਮਨਾਇਆ ਜਾਵੇ।

4.0 ਇਸ ਦਿਨ ਸਮੂਹ ਜਿਲ੍ਹਾ ਸਿੱਖਿਆ ਦਫ਼ਤਰਾਂ, ਬੀ.ਪੀ.ਈ.ਓ ਦਫ਼ਤਰਾਂ ਅਤੇ ਸਮੂਹ ਡਾਇਟਾਂ ਵੱਲੋਂ ਆਪਣੀ ਸੁਵਿਧਾ ਅਨੁਸਾਰ ਸੰਵਿਧਾਨ ਦੀ ਪ੍ਰਸਤਾਵਨਾ (Preamble) ਪੜ੍ਹੀ ਜਾਵੇ। ਸਮੂਹ ਸਕੂਲਾਂ ਵੱਲੋਂ ਸੰਵਿਧਾਨ ਦਿਵਸ ਮਨਾਉਂਦੇ ਹੋਏ ਸਵੇਰ ਦੀ ਸਭਾ ਵਿੱਚ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹੀ ਜਾਵੇ ਤਾਂ ਜੋ ਵਿਦਿਆਰਥੀਆਂ ਵਿੱਚ ਭਾਰਤ ਦੇ ਸੰਵਿਧਾਨ ਸਬੰਧੀ ਜਾਗਰੂਕਤਾ ਵਿੱਚ ਵਾਧਾ ਕੀਤਾ ਜਾ ਸਕੇ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ।

ਪਿੱਠ ਅੰਕਣ ਨੰ. Plan/RMSA/2017/ 13001 ਮਿਤੀ: 24.11.17

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ. ਟੂ ਮਾਨਯੋਗ ਸਕੱਤਰ ਸਕੂਲ ਸਿੱਖਿਆ, ਪੰਜਾਬ
2. ਡੀ.ਪੀ.ਆਈ. (ਸੈ.ਸਿ), ਪੰਜਾਬ
3. ਡੀ.ਪੀ.ਆਈ. (ਐ.ਸਿ), ਪੰਜਾਬ
4. ਡਾਇਰੈਕਟਰ ਐਸ.ਸੀ.ਈ.ਆਰ.ਟੀ, ਪੰਜਾਬ

ਡਾਇਰੈਕਟਰ ਜਨਰਲ ਸਕੂਲ ਸਿੱਖਿਆ
ਪੰਜਾਬ।